# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 19-03-2024**

ਭਾਜਪਾ ਆਗੂ ਅਤੇ ਕੇਂਦਰੀ ਵਿਦੇਸ਼ ਰਾਜ ਮੰਤਰੀ ਮੀਨਾਕਸ਼ੀ ਲੇਖੀ ਨੇ ਕਿਹਾ ਏ ਕਿ ਕੇਂਦਰ ਸਰਕਾਰ ਦੀ ਹਰ ਨੀਤੀ ਲੋਕ ਹਿਤੈਸ਼ੀ ਏ । ਲੁਧਿਆਣਾ ਵਿਚ ਕਲ ਇਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਨੇ ਅਨੇਕਾਂ ਅਜਿਹੀਆਂ ਲੋਕ ਭਲਾਈ ਸਕੀਮਾਂ ਬਣਾਈਆਂ ਨੇ, ਜਿਨ੍ਹਾਂ ਦਾ ਸਿੱਧਾ ਲਾਭ ਲੋਕਾਂ ਨੂੰ ਮਿਲ ਰਿਹਾ ਏ । ਉਨ੍ਹਾਂ ਕਿਹਾ ਕਿ ਭਾਜਪਾ ਸਰਕਾਰ ਨੇ ਸਿਸਟਮ ਨੂੰ ਬਦਲਣ ਦਾ ਕੰਮ ਕੀਤਾ ਏ ਅਤੇ ਲੋਕਾਂ ਨੂੰ ਆਨਲਾਈਨ ਮੋਡ ਰਾਹੀਂ ਸਕੀਮਾਂ ਦਾ ਲਾਭ ਦਿੱਤਾ ਜਾ ਰਿਹਾ ਏ । ਮੀਨਾਕਸ਼ੀ ਲੇਖੀ ਨੇ ਕਿਹਾ ਕਿ ਆਯੂਸ਼ਮਾਨ ਭਾਰਤ ਇਕ ਅਜਿਹੀ ਵੱਡੀ ਯੋਜਨਾ ਏ ਜਿਸ ਤੋਂ ਦੇਸ਼ ਦੇ ਕਰੋੜਾਂ ਲੋਕ ਲਾਭ ਲੈ ਰਹੇ ਨੇ ਅਤੇ ਭਾਜਪਾ ਸਰਕਾਰ ਲੋਕਾਂ ਦੇ ਹਿੱਤਾਂ ਲਈ ਕੰਮ ਕਰਦੀ ਏ ।

---

ਭਾਰਤ ਦੇ ਸਾਬਕਾ ਰਾਸ਼ਟਰਪਤੀ ਰਾਮ ਨਾਥ ਕੋਵਿੰਦ ਕੱਲ ਬਠਿੰਡਾ ਦੇ ਤਲਵੰਡੀ ਸਾਬੋ ਸਥਿਤ ਤਖਤ ਸ਼੍ਰੀ ਦਮਦਮਾ ਸਾਹਿਬ ਵਿਖੇ ਨਤਮਸਤਕ ਹੋਏ। ਹੈੱਡ ਗ੍ਰੰਥੀ ਗਿਆਨੀ ਜਗਤਾਰ ਸਿੰਘ, ਕੇਂਦਰੀ ਯੂਨੀਵਰਸਿਟੀ ਬਠਿੰਡਾ ਦੇ ਵਾਈਸ ਚਾਂਸਲਰ ਪ੍ਰੋ. ਰਾਘਵੇਂਦਰ ਪ੍ਰਸਾਦ ਤਿਵਾਰੀ, ਐਸ ਡੀ ਐਮ ਹਰਜਿੰਦਰ ਸਿੰਘ ਜੱਸਲ ਅਤੇ ਗੁਰੂਦੁਆਰਾ ਸਾਹਿਬ ਦੇ ਜਨਰਲ ਮੈਨੇਜਰ ਗੁਰਸੇਵਕ ਸਿੰਘ ਵੀ ਇਸ ਮੌਕੇ ਤੇ ਮੌਜੂਦ ਰਹੇ। ਸਾਬਕਾ ਰਾਸ਼ਟਰਪਤੀ ਕੋਵਿੰਦ ਨੇ ਗੁਰੂ ਕੀ ਨਗਰੀ ਤਖਤ ਸ਼੍ਰੀ ਦਮਦਮਾ ਸਾਹਿਬ ਨਾਲ ਜੁੜੀ ਇਤਿਹਾਸਕ ਪ੍ਰਦਰਸ਼ਨੀ ਦੇ ਦਰਸ਼ਨ ਕੀਤੇ ਅਤੇ ਹੈੱਡ ਗ੍ਰੰਥੀ ਗਿਆਨੀ ਜਗਤਾਰ ਸਿੰਘ ਕੋਲੋਂ ਗੁਰੂਦੁਆਰਾ ਸਾਹਿਬ ਦੇ ਸਮੁੱਚੇ ਇਤਿਹਾਸ ਬਾਰੇ ਜਾਣਕਾਰੀ ਲਈ। ਗਿਆਨੀ ਜਗਤਾਰ ਸਿੰਘ ਨੇ ਸਾਬਕਾ ਰਾਸ਼ਟਰਪਤੀ ਕੋਵਿੰਦ ਨੂੰ ਸਿਰੋਪਾਓ, ਤਖ਼ਤ ਸ਼੍ਰੀ ਦਮਦਮਾ ਸਾਹਿਬ ਦਾ ਮਾਡਲ ਅਤੇ ਸਿਰੀ ਸਾਹਿਬ ਵੀ ਭੇਂਟ ਕੀਤਾ। ਇਸ ਮੌਕੇ ਸਾਬਕਾ ਰਾਸ਼ਟਰਪਤੀ ਨੇ ਸੰਗਤਾ ਨਾਲ ਇੱਕ ਯਾਦਗਾਰੀ ਤਸਵੀਰ ਵੀ ਖਿਚਵਾਈ।

---

ਪੰਜਾਬ ਦੀ ਸਿਆਸੀ ਪਾਰਟੀ ਪੰਜਾਬ ਕਿਸਾਨ ਦਲ ਨੇ ਭਾਰਤੀ ਜਨਤਾ ਪਾਰਟੀ ਵਿਚ ਸ਼ਾਮਿਲ ਹੋਣ ਦਾ ਐਲਾਨ ਕੀਤਾ ਏ। ਪੰਜਾਬ ਕਿਸਾਨ ਦਲ ਦੇ ਕੌਮੀ ਪ੍ਰਧਾਨ ਰਣਜੀਤ ਸਿੰਘ ਸਰਾਂ ਨੇ ਭਾਜਪਾ ਦਫਤਰ ਚੰਡੀਗੜ੍ਹ ਵਿਖੇ ਕਿਹਾ ਕਿ ਭਾਜਪਾ ਅਨੁਸੂਚਿਤ ਜਾਤੀ ਮੋਰਚਾ ਪੰਜਾਬ ਦੇ ਮੀਤ ਪ੍ਰਧਾਨ ਪਰਮਜੀਤ ਸਿੰਘ ਕੈਂਥ ਦੀ ਪ੍ਰੇਰਨਾ ਸਦਕਾ ਇਹ ਫੈਸਲਾ ਲਿਆ ਏ। ਉਨਾਂ ਕਿਹਾ ਕਿ ਉਹ ਭਾਰਤੀ ਜਨਤਾ ਪਾਰਟੀ ਦੀ ਕਿਸਾਨ ਪੱਖੀ ਵਿਕਾਸ ਸੋਚ ਸਮਝ ਤੋਂ ਵੀ ਪ੍ਰਭਾਵਿਤ ਨੇ ਇਸ ਲਈ ਉਨਾਂ ਪੰਜਾਬ ਕਿਸਾਨ ਦਲ ਦੀ ਭਾਜਪਾ ਵਿਚ ਸਮੂਲੀਅਤ ਦਾ ਫੈਸਲਾ ਸਰਬਸੰਮਤੀ ਨਾਲ ਲਿਆ ਏ। ਭਾਜਪਾ ਦੇ ਸੂਬਾ ਪ੍ਰਧਾਨ ਸੁਨੀਲ ਜਾਖੜ ਨੇ ਪੰਜਾਬ ਕਿਸਾਨ ਦਲ ਦੇ ਪ੍ਰਧਾਨ ਰਣਜੀਤ ਸਿੰਘ ਸਰਾਂ ਸਮੇਤ ਆਹੁਦੇਦਾਰਾਂ ਦਾ ਭਾਜਪਾ ਵਿਚ ਸ਼ਾਮਿਲ ਹੋਣ ਦਾ ਸਵਾਗਤ ਕੀਤਾ।

---

ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਸੂਬਾ ਜਨਰਲ ਸਕੱਤਰ ਅਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਨੇ ਕਿਹਾ ਏ

ਕਿ ਅਗਾਮੀ ਲੋਕ ਸਭਾ ਚੋਣਾਂ ਲਈ ‘ਆਪ’ ਨੇ ਚੋਣ ਪ੍ਰਚਾਰ ਨੂੰ ਤੇਜ਼ ਕਰ ਦਿੱਤਾ ਏ। ‘ਆਪ’ ਵਰਕਰਾਂ ਤੇ ਵਲੰਟੀਅਰਾਂ ਵੱਲੋਂ ਸੂਬੇ ਦੀਆਂ ਸਾਰੀਆਂ ਲੋਕ ਸਭਾ ਸੀਟਾਂ ’ਤੇ ਘਰ-ਘਰ ਜਾ ਕੇ ‘ਆਪ’ ਸਰਕਾਰ ਵੱਲੋਂ ਦੋ ਸਾਲਾਂ ਵਿੱਚ ਕੀਤੇ ਕੰਮਾਂ ਨੂੰ ਲੋਕਾਂ ਤੱਕ ਪਹੁੰਚਾਇਆ ਜਾ ਰਿਹਾ ਏ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਦੋ ਸਾਲਾਂ ਵਿੱਚ ਕੀਤੇ ਕੰਮਾਂ ਤੋਂ ਬੇਹੱਦ ਖੁਸ਼ ਨੇ।

---------------------------------------------------------------------

ਦੇਸ਼ ਵਿਚ ਹੋਣ ਜਾ ਰਹੀਆਂ ਲੋਕ ਸਭਾ ਚੋਣਾਂ ਦੇ ਪ੍ਰੋਗਰਾਮ ਦੇ ਐਲਾਨ ਮਗਰੋਂ ਆਦਰਸ਼ ਚੋਣ ਜ਼ਾਬਤਾ ਤੁਰੰਤ ਪ੍ਰਭਾਵ ਨਾਲ ਲਾਗੂ ਹੋ ਗਿਆ ਏ। ਪੰਜਾਬ ਦੇ ਮੁਖ ਚੋਣ ਅਧਿਕਾਰੀ ਦਾ ਦਫਤਰ ਵੀ ਇਸ ਬਾਰੇ ਪੂਰੀ ਤਰ੍ਹਾਂ ਨਾਲ ਸਰਗਰਮ ਏ ਅਤੇ ਸੂਬੇ ਵਿਚ ਸਿਆਸੀ ਆਗੂਆਂ ਦੀਆਂ ਫੋਟੋਆਂ ਤੇ ਯੋਜਨਾਵਾਂ ਦੇ ਪ੍ਰਚਾਰ ਵਾਲੇ ਫਲੈਕਸ, ਬੈਨਰ ਅਤੇ ਪੋਸਟਰ ਹਟਾਏ ਜਾ ਰਹੇ ਨੇ।

**ਵੇਰਵੇ ਨਾਲ ਇਹ ਰਿਪੋਰਟ :** ***ਡਿਸਪੈਚ: ਵੱਖ ਵੱਖ ਜ਼ਿਲਿਆਂ ਵਿਚ ਸੰਬੰਧਤ ਟੀਮਾਂ ਨੇ ਜਨਤਕ ਥਾਵਾਂ ’ਤੇ ਕੁੱਲ 22 ਹਜ਼ਾਰ ਫਲੈਕਸ,***

ਪੋਸਟਰ ਤੇ ਬੈਨਰ ਆਦਿ ਦੀ ਨਿਸ਼ਾਨਦੇਹੀ ਕੀਤੀ ਏ । ਇਸ ਵਿੱਚੋਂ 19 ਹਜ਼ਾਰ ਤੋਂ ਵੱਧ ਨੂੰ ਉਤਾਰਿਆ ਜਾ ਚੁੱਕਾ ਏ । ਸ਼ਹਿਰਾਂ ਵਿੱਚ ਨਗਰ ਨਿਗਮ ਤੇ ਤਹਿਬਾਜ਼ਾਰੀ ਦੀਆਂ ਟੀਮਾਂ ਇਸ ਕੰਮ ਵਿਚ ਰੁਝੀਆਂ ਨੇ । ਨਿੱਜੀ ਜਾਇਦਾਦਾਂ 'ਤੇ ਲੱਗੇ 4 ਹਜ਼ਾਰ ਤੋਂ ਵੱਧ ਪੋਸਟਰ ਤੇ ਬੈਨਰ ਵਿੱਚੋਂ ਸਾਢੇ ਤਿੰਨ ਹਜ਼ਾਰ ਤੋਂ ਵੱਧ ਨੂੰ ਉਤਾਰਿਆ ਜਾ ਚੁੱਕਾ ਏ । ਚੋਣ ਕਮਿਸ਼ਨ ਇਸ ਗੱਲ 'ਤੇ ਸਖਤੀ ਨਾਲ ਨਜ਼ਰ ਰੱਖ ਰਿਹਾ ਏ ਕਿ ਬਿਨਾਂ ਮਨਜ਼ੂਰੀ ਦੇ ਕੋਈ ਵੀ ਸਿਆਸੀ ਪਾਰਟੀ ਕਿਸੇ ਵੀ ਮਾਧਿਅਮ ਰਾਹੀਂ ਪ੍ਰਚਾਰ ਨਾ ਕਰ ਸਕੇ । ਵੱਖ ਵੱਖ ਭਲਾਈ ਸਕੀਮਾਂ ਸੰਬੰਧੀ ਸਰਕਾਰੀ ਬੱਸਾਂ 'ਤੇ ਹੋਰਨਾਂ ਵਾਹਨਾਂ ਤੇ ਲੱਗੇ ਇਸ਼ਤਿਹਾਰ, ਪੋਸਟਰ ਵੀ ਹਟਾਏ ਜਾ ਰਹੇ ਨੇ । ਇਸਦੇ ਨਾਲ ਹੀ ਸਰਕਾਰੀ ਵੈੱਬਸਾਈਟਾਂ ਤੋਂ ਨੇਤਾਵਾਂ ਦੀਆਂ ਫੋਟੋਆਂ ਵੀ ਹਟਾਈਆਂ ਜਾ ਰਹੀਆਂ ਨੇ । ਚੋਣ ਦਫਤਰ ਨੇ ਸਾਰੇ ਜ਼ਿਲ੍ਹਿਆਂ ਦੇ ਚੋਣ ਅਧਿਕਾਰੀਆਂ ਨੂੰ ਆਪੋ ਆਪਣੇ ਖੇਤਰਾਂ ਵਿੱਚ ਚੱਲਦੇ ਵਿਕਾਸ ਕਾਰਜਾਂ ਦੀ ਸੂਚੀ ਬਣਾਉਣ ਲਈ ਆਖਿਆ ਏ । ਇਹਨਾਂ ਵਿੱਚ ਲੋਕ ਨਿਰਮਾਣ ਵਿਭਾਗ, ਸਥਾਨਕ ਸਰਕਾਰਾਂ ਵਿਭਾਗ, ਮਕਾਨ ਉਸਾਰੀ ਤੇ ਸ਼ਹਿਰੀ ਵਿਕਾਸ ਵਿਭਾਗ ਅਤੇ ਸਿੰਚਾਈ

*ਵਿਭਾਗ ਪ੍ਰਮੁੱਖ ਤੌਰ ਤੇ ਸ਼ਾਮਲ ਨੇ । ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ।*

---------------------------------------------------------

ਦੇਸ਼ ਵਿਚ ਲੋਕ ਸਭਾ ਚੋਣਾਂ ਦੇ ਐਲਾਨ ਤੋਂ ਬਾਅਦ ਬਠਿੰਡਾ ਦੇ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਜਸਪ੍ਰੀਤ ਸਿੰਘ ਨੇ ਕੱਲ੍ਹ ਵੱਖ-ਵੱਖ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਇੱਕ ਵਿਸ਼ੇਸ਼ ਮੀਟਿੰਗ ਕੀਤੀ । ਉਨ੍ਹਾਂ ਕਿਹਾ ਕਿ ਆਦਰਸ਼ ਚੋਣ ਜ਼ਾਬਤੇ ਐਮ ਸੀ ਸੀ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨਾ ਯਕੀਨੀ ਬਣਾਇਆ ਜਾਵੇ ਤਾਂ ਜੋ ਚੋਣਾਂ ਨੂੰ ਬਿਨਾਂ ਕਿਸੇ ਡਰ ਭੈਅ, ਨਿਰਪੱਖ ਅਤੇ ਸਾਂਤੀਪੂਰਵਕ ਢੰਗ ਨਾਲ ਨੇਪਰੇ ਚੜ੍ਹਾਇਆ ਜਾ ਸਕੇ । ਉਨ੍ਹਾਂ ਕਿਹਾ ਕਿ ਭਾਰਤੀ ਚੋਣ ਕਮਿਸ਼ਨ ਵਲੋਂ ਜਾਰੀ ਦਿਸ਼ਾ-ਨਿਰਦੇਸ਼ਾਂ ਅਨੁਸਾਰ ਬਿਨਾਂ ਪ੍ਰਵਾਨਗੀ ਦੇ ਕਿਸੇ ਵੀ ਤਰ੍ਹਾਂ ਦੀਆਂ ਚੋਣ ਗਤੀਵਿਧੀਆਂ ‘ਤੇ ਰੋਕ ਏ ਅਤੇ ਸਰਕਾਰੀ ਤੇ ਪ੍ਰਾਈਵੇਟ ਸਕੂਲਾਂ/ਕਾਲਜਾਂ ਤੇ ਧਾਰਮਿਕ ਸਥਾਨਾਂ ਨੂੰ ਸਿਆਸੀ ਮੀਟਿੰਗਾਂ ਕਰਨ ਲਈ ਨਾ ਵਰਤਿਆ ਜਾਵੇ । ਜਸਪ੍ਰੀਤ ਸਿੰਘ ਨੇ ਇਹ ਵੀ ਕਿਹਾ ਕਿ ਚੋਣ ਪ੍ਰਚਾਰ ਦੌਰਾਨ ਸਕੂਲੀ ਬੱਚਿਆਂ ਜਾਂ ਆਮ ਬੱਚਿਆਂ ਤੋਂ ਕਿਸੇ ਵੀ ਤਰ੍ਹਾਂ

ਦਾ ਸਹਿਯੋਗ ਜਾਂ ਕੰਮ ਨਾ ਲਿਆ ਜਾਵੇ ਅਤੇ ਚੋਣਾਂ ਦੌਰਾਨ ਸਾਂਤੀਪੂਰਨ ਢੰਗ ਨਾਲ ਪ੍ਰਚਾਰ ਕਰਦਿਆਂ ਆਦਰਸ਼ ਚੋਣ ਜਾਬਤੇ ਦੀ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ।

----------------------------------------------------------

ਇਸ ਦੌਰਾਨ ਲੁਧਿਆਣਾ ਦੇ ਜ਼ਿਲ੍ਹਾ ਚੋਣ ਅਫ਼ਸਰ ਸਾਕਸ਼ੀ ਸਾਹਨੀ ਨੇ ਨੌਜਵਾਨਾਂ ਨੂੰ ਅਪੀਲ ਕਰਦਿਆਂ ਕਿਹਾ ਏ ਕਿ ਉਹ 'ਵੋਟਰ ਹੈਲਪਲਾਈਨ' ਮੋਬਾਈਲ ਐਪ ਅਤੇ ਨੈਸ਼ਨਲ ਵੋਟਰ ਸਰਵਿਸਿਜ਼ ਪੋਰਟਲ ਦਾ ਵੱਧ ਤੋਂ ਵੱਧ ਲਾਭ ਉਠਾਉਣ ਤਾਂ ਜੋ ਚੱਲ ਰਹੀਆਂ ਲੋਕ ਸਭਾ ਚੋਣਾਂ ਲਈ ਵੋਟਰ ਵਜੋਂ ਆਪਣਾ ਨਾਮ ਦਰਜ ਕਰਵਾਇਆ ਜਾ ਸਕੇ। ਚੋਣ ਕਮਿਸ਼ਨ ਦੀ ਸਵੀਪ ਮੁਹਿੰਮ ਤਹਿਤ ਸਰਕਾਰੀ ਕਾਲਜ ਦੀਆਂ ਵਿਦਿਆਰਥਣਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਵੋਟਰ ਵਜੋਂ ਆਪਣੇ ਆਪ ਨੂੰ ਰਜਿਸਟਰ ਕਰਨ ਅਤੇ ਵਿਦਿਆਰਥੀਆਂ ਨੂੰ ਲੋਕਤੰਤਰ ਦੀ ਮਜ਼ਬੂਤੀ ਲਈ ਵੋਟ ਪਾਉਣਾ ਯਕੀਨੀ ਬਣਾਉਣ ਦੀ ਸਹੁੰ ਵੀ ਚੁਕਾਈ।